# Telephone conversation between Prime Minister and Rt. Hon’ble Prime Minister of Nepal Mr. K. P. Sharma Oli

August 15, 2020

……………………………………………………………………………………………………

## ਪ੍ਰਧਾਨ ਮੰਤਰੀ ਅਤੇ ਨੇਪਾਲ ਦੇ ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਕੇ. ਪੀ. ਸ਼ਰਮਾ ਓਲੀ ਦਰਮਿਆਨ ਟੈਲੀਫੋਨ 'ਤੇ ਗੱਲਬਾਤ

15 ਅਗਸਤ, 2020

ਨੇਪਾਲ ਦੇ ਮਾਨਯੋਗ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਕੇ ਪੀ ਸ਼ਰਮਾ ਓਲੀ ਨੇ ਅੱਜ ਪ੍ਰਧਾਨ ਮੰਤਰੀ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਨੇਪਾਲ ਦੇ ਪ੍ਰਧਾਨ ਮੰਤਰੀ ਨੇ ਭਾਰਤ ਸਰਕਾਰ ਅਤੇ ਭਾਰਤ ਦੇ ਲੋਕਾਂ ਨੂੰ 74ਵੇਂ ਸੁਤੰਤਰਤਾ ਦਿਵਸ ਦੇ ਮੌਕੇ 'ਤੇ ਵਧਾਈ ਦਿੱਤੀ ਅਤੇ ਭਾਰਤ ਦੀ ਸੰਯੁਕਤ ਰਾਸ਼ਟਰ ਸੁੱਰਖਿਆ ਪਰਿਸ਼ਦ ਦੇ ਗੈਰ-ਸਥਾਈ ਮੈਂਬਰ ਵਜੋਂ ਹੋਈ ਤਾਜ਼ਾ ਚੋਣ ਉੱਤੇ ਵੀ ਵਧਾਈ ਦਿੱਤੀ।

ਦੋਨਾਂ ਨੇਤਾਵਾਂ ਨੇ ਦੋਨਾਂ ਦੇਸ਼ਾਂ ਵਿਚ ਕੋਵਿਡ -19 ਮਹਾਂਮਾਰੀ ਦੇ ਪ੍ਰਭਾਵ ਨੂੰ ਘਟਾਉਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੇ ਪ੍ਰਸੰਗ ਵਿੱਚ ਵਿਚ ਆਪਸੀ ਇੱਕਜੁਟਤਾ ਦਾ ਪ੍ਰਗਟਾਵਾ ਕੀਤਾ। ਪ੍ਰਧਾਨ ਮੰਤਰੀ ਨੇ ਇਸ ਸਬੰਧ ਵਿੱਚ ਨੇਪਾਲ ਨੂੰ ਭਾਰਤ ਵੱਲੋਂ ਲਗਾਤਰ ਮਦਦ ਦੇਣ ਦੀ ਪੇਸ਼ਕਸ਼ ਕੀਤੀ।

ਪ੍ਰਧਾਨ ਮੰਤਰੀ ਨੇ ਇਸ ਟੈਲੀਫੋਨ ਕਾਲ ਲਈ ਨੇਪਾਲੀ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ ਅਤੇ ਭਾਰਤ ਅਤੇ ਨੇਪਾਲ ਦੇ ਸਾਂਝੇ ਸੱਭਿਅਕ ਅਤੇ ਸੱਭਿਆਚਾਰਕ ਸੰਬੰਧਾਂ ਨੂੰ ਯਾਦ ਕੀਤਾ।

ਨਵੀਂ ਦਿੱਲੀ
15 ਅਗਸਤ, 2020

DISCLAIMER: This is an approximate translation. The original is available in English on MEA's website and may be referred to as the official press release.